# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :08-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੁਆਲਾਲੰਪੁਰ ਵਿੱਚ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਦੁਵੱਲੀ ਗੱਲਬਾਤ ਕੀਤੀ- ਕਿਹਾ ਦਹਿਸ਼ਤਗਰਦੀ 'ਤੇ ਭਾਰਤ ਦੀ ਸਥਿਤੀ ਸਪੱਸ਼ਟ, ਕੋਈ ਦੋਹਰਾ ਮਾਪਦੰਡ ਨਹੀਂ ਹੋ ਸਕਦਾ I
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਕੱਲ ਤਰਨਤਾਰਨ ਵਿੱਚ ‘ਨਸ਼ਿਆਂ ਵਿਰੁੱਧ ਪੈਦਲ ਯਾਤਰਾ’ ਕੱਢੀ ਜਾਵੇਗੀ I
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਲੋੜੀਂਦੇ ਅਪਰਾਧੀਆਂ ਨੂੰ ਫੜਨ 'ਤੇ ਕੇਂਦ੍ਰਿਤ "ਆਪ੍ਰੇਸ਼ਨ ਪ੍ਰਹਾਰ-2" ਦੀ ਸ਼ੁਰੂਆਤ ਦਾ ਐਲਾਨ ।

- BSF ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਤੇ ਗੁਰਦਾਸਪੁਰ ਤੋਂ 4 ਨਸ਼ਾ ਤਸਕਰਾਂ ਨੂੰ 36 ਕਿਲੋ ਹੈਰੋਇਨ ਤੇ 5 ਲੱਖ ਤੋਂ ਵੱਧ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੁਆਲਾਲੰਪੁਰ ਵਿੱਚ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਦੁਵੱਲੀ ਗੱਲਬਾਤ ਕੀਤੀ। ਗੱਲਬਾਤ ਰੱਖਿਆ ਅਤੇ ਸੁਰੱਖਿਆ ਸਬੰਧਾਂ ਨੂੰ ਵਧਾਉਣ ਅਤੇ ਆਰਥਿਕ ਅਤੇ ਨਵੀਨਤਾ ਭਾਈਵਾਲੀ ਨੂੰ ਉਤਸ਼ਾਹਿਤ ਕਰਨ 'ਤੇ ਕੇਂਦ੍ਰਿਤ ਸੀ। ਗੱਲਬਾਤ ਦੌਰਾਨ ਕਈ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ, ਜਿਨ੍ਹਾਂ ਵਿੱਚ ਆਫ਼ਤ ਪ੍ਰਬੰਧਨ, ਆਡੀਓ-ਵਿਜ਼ੁਅਲ ਸਹਿ-ਉਤਪਾਦਨ, ਭ੍ਰਿਸ਼ਟਾਚਾਰ ਰੋਕਥਾਮ ਅਤੇ ਨਿਯੰਤਰਣ, ਅਤੇ ਸੈਮੀ-ਕੰਡਕਟਰ ਵਿਕਾਸ ਅਤੇ ਸੁਰੱਖਿਆ ਸ਼ਾਮਲ ਨੇ। ਪ੍ਰਧਾਨ ਮੰਤਰੀ ਮੋਦੀ ਨੇ ਇਹ ਵੀ ਕਿਹਾ ਕਿ ਦੋਵਾਂ ਦੇਸ਼ਾਂ ਵਿਚਕਾਰ, ਊਰਜਾ, ਬੁਨਿਆਦੀ ਢਾਂਚਾ, ਨਿਰਮਾਣ ਅਤੇ ਡਿਜੀਟਲ ਅਰਥ-ਵਿਵਸਥਾ ਦੇ ਖੇਤਰਾਂ ਵਿੱਚ ਸਹਿਯੋਗ ਵਧ ਰਿਹਾ ਏ। ਉਨ੍ਹਾਂ ਕਿਹਾ ਕਿ ਦਹਿਸ਼ਤਗਰਦੀ 'ਤੇ ਭਾਰਤ ਦੀ ਸਥਿਤੀ ਸਪੱਸ਼ਟ ਏ।

ਦਹਿਸ਼ਤਗਰਦੀ 'ਤੇ ਕੋਈ ਦੋਹਰਾ ਮਾਪਦੰਡ ਨਹੀਂ ਹੋ ਸਕਦਾ ਅਤੇ ਨਾ ਹੀ ਕੋਈ ਸਮਝੌਤਾ ਹੋਵੇਗਾ । BYTE:RNU080226B ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮੁੰਦਰੀ ਗੁਆਂਢੀ ਹੋਣ ਦੇ ਨਾਤੇ, ਭਾਰਤ ਅਤੇ ਮਲੇਸ਼ੀਆ ਇੱਕ ਖਾਸ ਸਬੰਧ ਸਾਂਝਾ ਕਰਦੇ ਹਨ। ਉਨ੍ਹਾਂ ਨੇ ਮਲੇਸ਼ੀਆ ਵਿੱਚ ਮਜ਼ਬੂਤ ਲੋਕਾਂ-ਤੋਂ-ਲੋਕ ਸਬੰਧਾਂ ਅਤੇ ਭਾਰਤੀ ਪ੍ਰਵਾਸੀਆਂ ਦੀ ਮੌਜੂਦਗੀ ਦਾ ਜ਼ਿਕਰ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੋਵਾਂ ਧਿਰਾਂ ਵਿਚਕਾਰ ਦਹਿਸ਼ਤਗਰਦੀ ਵਿਰੋਧੀ, ਖੁਫੀਆ ਜਾਣਕਾਰੀ ਨੂੰ ਸਾਂਝਾ ਕਰਨ, ਸਮੁੰਦਰੀ ਸੁਰੱਖਿਆ ਅਤੇ ਰੱਖਿਆ ਦੇ ਖੇਤਰਾਂ ਵਿੱਚ ਸਹਿਯੋਗ ਵਧੇਗਾ। ਪ੍ਰਧਾਨ ਮੰਤਰੀ ਨੇ ਮਲੇਸ਼ੀਆ ਵਿੱਚ ਤਾਮਿਲ ਭਾਸ਼ਾ ਸਮੇਤ ਸੱਭਿਆਚਾਰਕ ਅਤੇ ਵਿਦਿਅਕ ਸਬੰਧਾਂ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਹਸਤਾਖਰ ਕੀਤੇ ਗਏ ਆਡੀਓ-ਵਿਜ਼ੁਅਲ ਸਮਝੌਤੇ ਨਾਲ ਖਾਸ ਤੌਰ 'ਤੇ ਤਾਮਿਲ ਫਿਲਮਾਂ ਅਤੇ ਸੰਗੀਤ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਨੇ ਨੌਜਵਾਨਾਂ ਲਈ ਸ਼ੁਰੂ ਕੀਤੀਆਂ ਗਈਆਂ ਪਹਿਲਕਦਮੀਆਂ ਦਾ ਵੀ ਜ਼ਿਕਰ ਕੀਤਾ ।

-----------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਕੱਲ ਤਰਨਤਾਰਨ ਵਿੱਚ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਕੱਢੀ ਜਾਵੇਗੀ ।

ਇਸ ਪੈਦਲ ਯਾਤਰਾ ਦੀ ਅਗਵਾਈ ਰਾਜਪਾਲ ਖ਼ੁਦ ਨਿੱਜੀ ਤੌਰ ’ਤੇ ਕਰਨਗੇ। ਡਿਪਟੀ ਕਮਿਸ਼ਨਰ ਰਾਹੁਲ ਨੇ ਇਹ ਜਾਣਕਾਰੀ ਦਿੰਦਿਆਂ ਦਸਿਆ ਕਿ ਦੱਸਿਆ ਕਿ ਰਾਜਪਾਲ ਦੀ ਅਗਵਾਈ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਕੱਲ ਸਵੇਰੇ ਸਾਢੇ 11 ਵਜੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤੋਂ ਸ਼ੁਰੂ ਹੋ ਕੇ ਪੁਲਿਸ ਲਾਈਨ ਤੱਕ ਜਾਵੇਗੀ। ਇਸ ਪੈਦਲ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਆਦਿ ਸ਼ਾਮਿਲ ਹੋ ਕੇ ਨਸ਼ੇ ਤਿਆਗਣ ਅਤੇ ਨਸ਼ਿਆਂ ਦੇ ਖ਼ਾਤਮੇ ਲਈ ਇਕਜੁੱਟ ਹੋਣ ਦਾ ਸੱਦਾ ਦੇਣਗੇ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲ-ਮੇਲ ਨਾਲ ਕੰਮ ਕਰਦੇ ਹੋਏ ਇਸ ਜਾਗਰੂਕਤਾ ਪੈਦਲ ਯਾਤਰਾ ਨੂੰ ਸਫਲ ਬਣਾਉਣ ਦੀ ਹਦਾਇਤ ਕੀਤੀ। ਇਸੇ ਲੜੀ ਵਿਚ ਰਾਜਪਾਲ ਦੀ ਅਗਵਾਈ ਹੇਠ 10 ਫ਼ਰਵਰੀ ਨੂੰ ਫਿਰੋਜ਼ਪੁਰ ਵਿਖੇ ‘ਨਸ਼ਿਆਂ ਵਿਰੁੱਧ ਪੈਦਲ ਯਾਤਰਾ’ ਕੱਢੀ ਜਾਵੇਗੀ । ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਰਕਟ ਹਾਊਸ ਵਿਖੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ । ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਤੋਂ ਉਨ੍ਹਾਂ ਵੱਲੋਂ ਇਸ ਪ੍ਰੋਗਰਾਮ ਸਬੰਧੀ ਹੁਣ ਤੱਕ ਕੀਤੇ ਗਏ ਕੰਮਾਂ ਦੀ ਜਾਣਕਾਰੀ ਲਈ ਗਈ ਅਤੇ ਬਾਕੀ ਰਹਿੰਦੇ ਕੰਮਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਦੀ ਹਦਾਇਤ ਕੀਤੀ ਗਈ।

---------------------------------------------------------------------

ਪੰਜਾਬ ਸਰਕਾਰ, ਛੇ ਜ਼ਿਲ੍ਹਿਆਂ ਵਿੱਚ 'ਬਲੂ ਕਰਾਸ' ਵੈਟਰਨਰੀ ਮੈਡੀਸਨ ਸਟੋਰ ਖੋਲ੍ਹਣ ਜਾ ਰਹੀ ਏ, ਜਿਸਦਾ ਉਦੇਸ਼ ਉੱਨਤ ਪਸ਼ੂ ਸਿਹਤ ਸੰਭਾਲ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣਾਉਣਾ ਹੈ। ਚੰਡੀਗੜ੍ਹ 'ਚ ਇਸ ਪ੍ਰਾਜੈਕਟ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ 'ਬਲੂ ਕਰਾਸ' ਸਟੋਰ ਗੁਰਦਾਸਪੁਰ, ਪਟਿਆਲਾ, ਲੁਧਿਆਣਾ, ਸੰਗਰੂਰ, ਸ੍ਰੀ ਮੁਕਤਸਰ ਸਾਹਿਬ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਵਿੱਚ ਸਥਿਤ ਅਤਿ-ਆਧੁਨਿਕ ਵੈਟਰਨਰੀ ਪੌਲੀਕਲੀਨਿਕਾਂ ਦੇ ਅੰਦਰ ਸਥਾਪਿਤ ਕੀਤੇ ਜਾ ਰਹੇ ਹਨ। ਇਹ ਕਦਮ ਕਿਸਾਨਾਂ 'ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਉਣ ਦੇ ਨਾਲ-ਨਾਲ ਪੇਂਡੂ ਅਰਥਚਾਰੇ ਦੀ ਰੀੜ੍ਹ ਪਸ਼ੂ ਪਾਲਣ ਖੇਤਰ ਨੂੰ ਉਤਸ਼ਾਹਿਤ ਕਰੇਗਾ । ਮੰਤਰੀ ਨੇ ਦੱਸਿਆ ਕਿ ਪਸ਼ੂ ਪਾਲਕਾਂ ਨੂੰ 'ਬਲੂ ਕਰਾਸ' ਸਟੋਰਾਂ 'ਤੇ ਸਾਰੀਆਂ ਜੈਨਰਿਕ ਵੈਟਰਨਰੀ ਦਵਾਈਆਂ 'ਤੇ 30 ਫੀਸਦੀ ਦੀ ਛੋਟ ਅਤੇ ਬ੍ਰਾਂਡਿਡ ਦਵਾਈਆਂ 'ਤੇ 20 ਫੀਸਦੀ ਦੀ ਛੋਟ ਮਿਲੇਗੀ, ਜਿਸਦਾ ਉਦੇਸ਼ ਗੁਣਵੱਤਾ ਨਾਲ ਸਮਝੌਤਾ ਕੀਤੇ ਬਗੈਰ ਪਸ਼ੂ ਪਾਲਕਾਂ ਨੂੰ ਕਿਫ਼ਾਇਤੀ ਦਰਾਂ ‘ਤੇ ਦਵਾਈਆਂ ਯਕੀਨੀ ਬਣਾਉਣਾ ਏ । ਮੰਤਰੀ ਨੇ ਕਿਹਾ ਕਿ ਪੌਲੀਕਲੀਨਿਕਾਂ ਦੇ ਅੰਦਰ ਗੁਣਵੱਤਾ ਵਾਲੀਆਂ ਦਵਾਈਆਂ ਤੱਕ ਕਿਸਾਨਾਂ ਦੀ ਸਿੱਧੀ ਪਹੁੰਚ ਯਕੀਨੀ ਬਣਾਉਣ ਨਾਲ ਉਨ੍ਹਾਂ ਦੇ ਸਮੇਂ ਦੀ ਵੀ ਬੱਚਤ ਹੋਵੇਗੀ। ਉਨ੍ਹਾਂ ਕਿਹਾ ਕਿ

ਪਸ਼ੂਧਨ ਦੀ ਤੰਦਰੁਸਤੀ ਉਤਪਾਦਕਤਾ ਵਿੱਚ ਵਾਧਾ ਕਰੇਗੀ, ਜਿਸ ਨਾਲ ਡੇਅਰੀ ਅਤੇ ਸਹਾਇਕ ਪੇਂਡੂ ਅਰਥਚਾਰੇ ਨੂੰ ਵੱਡੀ ਮਜ਼ਬੂਤੀ ਮਿਲੇਗੀ।

--------------------------------------------------------------------------------

ਪੰਜਾਬ ਸਰਕਾਰ ਦੇ ਆਮ ਆਦਮੀ ਕਲੀਨਿਕ ਸੂਬੇ ਭਰ ਵਿੱਚ ਆਸਾਨ ਪਹੁੰਚ ਅਤੇ ਮੁਫ਼ਤ ਪ੍ਰਾਇਮਰੀ ਸਿਹਤ ਸੰਭਾਲ ਦੀ ਰੀੜ੍ਹ ਵਜੋਂ ਉੱਭਰ ਰਹੇ ਨੇ। ਪੰਜਾਬ ਵਿਕਾਸ ਕਮਿਸ਼ਨ ਵੱਲੋਂ ਹਾਲ ਹੀ ਵਿਚ ਜਾਰੀ ਕੀਤਾ ਸਟੇਟ ਰਿਪੋਰਟ ਕਾਰਡ ਇਸਦਾ ਪ੍ਰਤੱਖ ਪ੍ਰਮਾਣ ਪੇਸ਼ ਕਰਦਾ ਏ ਕਿ ਸਰਕਾਰ ਵੱਲੋਂ ਪੰਜਾਬ ਦੇ ਸਿਹਤ ਸੰਭਾਲ ਢਾਂਚੇ ਵਿਚ ਮਿਸਾਲੀ ਤਬਦੀਲੀਆਂ ਕੀਤੀਆਂ ਜਾ ਰਹੀਆਂ ਨੇ। ਸੂਬੇ ਭਰ ਦੇ 18 ਹਜ਼ਾਰ 256 ਮਰੀਜ਼ਾਂ ਨਾਲ ਕੀਤੀ ਗੱਲਬਾਤ ਦੇ ਆਧਾਰ 'ਤੇ, ਤਿਆਰ ਕੀਤੇ ਮਰੀਜ਼ ਫੀਡਬੈਕ ਸਟੇਟ ਰਿਪੋਰਟ ਕਾਰਡ ਮੁਤਾਬਿਕ , 96 ਫੀਸਦ ਮਰੀਜ਼ਾਂ ਨੇ ਆਮ ਆਦਮੀ ਕਲੀਨਿਕਾਂ ਵਿੱਚ ਦਿੱਤੇ ਜਾਣ ਵਾਲੇ ਇਲਾਜ 'ਤੇ ਸੰਤੁਸ਼ਟੀ ਪ੍ਰਗਟਾਈ। ਰਿਪੋਰਟ ਇਹ ਸਪਸ਼ਟ ਕਰਦੀ ਏ ਕਿ ਪੰਜਾਬ ਵਿੱਚ ਮੁੱਢਲੀ ਸਿਹਤ ਸੰਭਾਲ ਹੁਣ ਪੂਰੀ ਤਰਾਂ ਬਦਲ ਚੁੱਕੀ ਏ । ਹੁਣ ਇਹ ਪ੍ਰਣਾਲੀ ਊਣਤਾਈਆਂ ਅਤੇ ਅਣਗਹਿਲੀਆਂ ਦੀ ਥਾਂ ਭਰੋਸੇਯੋਗਤਾ, ਮਿਆਰੀ ਅਤੇ ਭਰੋਸੇ ਵਿਚ ਤਬਦੀਲ ਹੋ ਗਈ ਏ ਅਤੇ ਨਾਗਰਿਕਾਂ ਨੂੰ ਬਿਨਾਂ ਕਿਸੇ ਵਿੱਤੀ ਬੋਝ ਦੇ ਸਮੇਂ ਸਿਰ ਡਾਕਟਰੀ ਸਹਾਇਤਾ ਮਿਲ ਰਹੀ ਏ । 92 ਫੀਸਦੀ ਲੋਕਾਂ ਨੇ ਪੁਸ਼ਟੀ ਕੀਤੀ ਏ ਕਿ ਉਨ੍ਹਾਂ ਨੂੰ ਸਾਰੀਆਂ

ਲੋੜੀਂਦੀਆਂ ਦਵਾਈਆਂ ਆਮ ਆਦਮੀ ਕਲੀਨਿਕ ਆਸਾਨੀ ਨਾਲ ਮਿਲ ਰਹੀਆਂ ਨੇ। 94 ਫੀਸਦ ਮਰੀਜ਼ਾਂ ਨੇ ਦੱਸਿਆ ਕਿ ਉਨ੍ਹਾਂ ਦੇ ਪੂਰੀ ਤਰ੍ਹਾਂ ਮੁਫਤ ਨਿਰਧਾਰਤ ਜਾਂਚ ਟੈਸਟ ਕਲੀਨਿਕਾਂ 'ਤੇ ਹੀ ਗਏ । ਜ਼ਿਲ੍ਹਾ-ਵਾਰ ਅੰਕੜੇ ਇਸ ਤਬਦੀਲੀ ਦੀ ਇਕਸਾਰਤਾ ਅਤੇ ਪੈਮਾਨੇ ਨੂੰ ਹੋਰ ਵੀ ਸਪਸ਼ੱਟ ਕਰਦੇ ਹਨ, ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਪਟਿਆਲਾ, ਬਠਿੰਡਾ, ਹੁਸ਼ਿਆਰਪੁਰ ਅਤੇ ਤਰਨਤਾਰਨ ਸਮੇਤ ਜ਼ਿਲ੍ਹਿਆਂ ਵਿੱਚ ਉੱਚ ਸੰਤੁਸ਼ਟੀ ਪੱਧਰ ਲਗਾਤਾਰ ਰਿਪੋਰਟ ਕੀਤੇ ਗਏ ਨੇ ।

---------------------------------------------------------------------------------

ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ "ਗੈਂਗਸਟਰਾਂ ਤੇ ਵਾਰ" ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਲੋੜੀਂਦੇ ਅਪਰਾਧੀਆਂ ਨੂੰ ਫੜਨ 'ਤੇ ਕੇਂਦ੍ਰਿਤ 72 ਘੰਟੇ ਚੱਲਣ ਵਾਲੇ "ਆਪ੍ਰੇਸ਼ਨ ਪ੍ਰਹਾਰ-2" ਦੀ ਸ਼ੁਰੂਆਤ ਦਾ ਐਲਾਨ ਕੀਤਾ ਏ। ਡੀ.ਜੀ.ਪੀ, ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ, ਨਸ਼ਿਆਂ ਵਿਰੋਧੀ ਕਾਰਜ ਬਲ ਦੇ ਏਡੀਜੀਪੀ ਨੀਲਭ ਕਿਸ਼ੋਰ ਅਤੇ ਇੰਟੈਲੀਜੈਂਸ ਮੁਖੀ ਡਾ. ਸੁਖਚੈਨ ਸਿੰਘ ਗਿੱਲ ਦੇ ਨਾਲ, ਯੁੱਧ ਨਾਸ਼ੀਆਂ ਵਿਰੁੱਧ ਅਤੇ ਗੈਂਗਸਟਰਾਂ ਤੇ ਵਾਰ ਮੁਹਿੰਮਾਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਉੱਚ-ਪੱਧਰੀ ਮੀਟਿੰਗ ਤੋਂ ਬਾਅਦ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ

ਸਨ। ਡੀਜੀਪੀ ਨੇ ਕਿਹਾ ਕਿ ਸੋਮਵਾਰ ਤੋਂ ਸ਼ੁਰੂ ਹੋ ਕੇ, ਆਪ੍ਰੇਸ਼ਨ ਪ੍ਰਹਾਰ-2 ਬੁੱਧਵਾਰ ਤੱਕ ਚਲਾਇਆ ਜਾਵੇਗਾ, ਅਤੇ ਆਪ੍ਰੇਸ਼ਨ ਦੀ ਪ੍ਰਭਾਵਸ਼ਾਲੀ ਨਿਗਰਾਨੀ ਲਈ ਪੰਜਾਬ ਪੁਲਿਸ ਹੈੱਡਕੁਆਰਟਰ ਦੇ ਸੀਨੀਅਰ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਏ IBYTE:RNU080226 20 ਦਿਨਾਂ ਦੀ ਗੈਂਗਸਟਰਾਂ ਤੇ ਵਾਰ ਮੁਹਿੰਮ ਦੇ ਨਤੀਜੇ ਸਾਂਝੇ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 17 ਹਜ਼ਾਰ 603 ਛਾਪੇਮਾਰੀ ਕਰਨ ਤੋਂ ਬਾਅਦ 5 ਹਜ਼ਾਰ 290 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ।ਯੁੱਧ ਨਸ਼ਿਆ ਵਿਰੁੱਧ" ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਰਾਜ ਦੀ ਅਣਥੱਕ ਲੜਾਈ ਨੂੰ ਉਜਾਗਰ ਕਰਦੇ ਹੋਏ, ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ 48 ਹਜ਼ਾਰ 167 ਗ੍ਰਿਫ਼ਤਾਰੀਆਂ ਕੀਤੀਆਂ ਨੇ IBYTE:RNU080226 ਇਸ ਦੌਰਾਨ, ਉਨ੍ਹਾਂ ਦਸਿਆ ਕਿ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੁਝਾਅ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਵੀ ਸਾਂਝੇ ਕਰ ਸਕਦੇ ਨੇ।

---

ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿੱਚ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਦੋ ਤਸਕਰਾਂ ਨੂੰ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ

ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਸੂਤਰਾਂ ਮੁਤਾਬਿਕ ਉਨ੍ਹਾਂ ਦੇ ਕਬਜ਼ੇ ਵਿੱਚੋਂ 25 ਕਿਲੋ ਹੈਰੋਇਨ, 2 ਪਿਸਤੌਲਾਂ ਅਤੇ 60 ਅਣਚਲੇ ਕਾਰਤੂਸ ਬਰਾਮਦ ਕੀਤੇ ਗਏ ਨੇ। ਇਹ ਬਰਾਮਦਗੀ ,ਇੱਕ ਸੰਗਠਿਤ ਸਰਹੱਦ ਪਾਰੋਂ ਤਸਕਰੀ ਮਾਡਿਊਲ ਵਲੋਂ ਡਰੋਨ ਦੀ ਵਰਤੋਂ ਕਰਕੇ ਕੀਤੀ ਜਾਪਦੀ ਏ। ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।ਓਧਰ ਗੁਰਦਾਸਪੁਰ ਪੁਲਿਸ ਨੇ 11 ਕਿਲੋ ਹੈਰੋਇਨ ਅਤੇ ਕਰੀਬ 5 ਲੱਖ 75 ਹਜਾਰ ਰੁਪਏ ਦੀ ਡਰੱਗ ਮਨੀ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਏ। ਇਸ ਸਬੰਧੀ ਡੀ.ਆਈ ਜੀ ਸੰਦੀਪ ਗੋਇਲ ਨੇ ਦੱਸਿਆ । BYTE:RNU080226

--------------------------------------------------------------------------------

ਅੰਮ੍ਰਿਤਸਰ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਹਰਪਾਲ ਨਾਮ ਦੇ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਏ,ਜੋ ਪਿਛਲੇ ਇੱਕ ਸਾਲ ਤੋਂ ਭਾਰਤੀ ਫੌਜ ਬਾਰੇ ਗੁਪਤ ਜਾਣਕਾਰੀ ਪਾਕਿਸਤਾਨ ਦੀ ਆਈ.ਐਸ.ਆਈ ਨੂੰ ਭੇਜ ਰਿਹਾ ਸੀ। ਆਪ੍ਰੇਸ਼ਨ ਸੈੱਲ ਤੋਂ ਰਜਿੰਦਰ ਸਿੰਘ ਨੇ ਦਸਿਆ ਕਿ ਇੱਕ ਸੂਚਨਾ ਦੇ ਆਧਾਰ 'ਤੇ, ਹਰਪਾਲ ਨੂੰ ਨਾਕਾਬੰਦੀ ਦੌਰਾਨ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਇੱਕ ਸੀਡੀ ਤੇ ਇੱਕ ਮੋਬਾਈਲ ਫੋਨ ਬਰਾਮਦ ਕੀਤਾ ਗਿਆ । ਫੋਨ 'ਤੇ ਪਾਕਿਸਤਾਨੀ ਨੰਬਰ ਵੀ ਮਿਲੇ ਨੇ । ਸੈੱਲ ਦੇ ਅਧਿਕਾਰੀਆਂ ਮੁਤਾਬਿਕ ਇਹ ਨੌਜਵਾਨ ਅੰਮ੍ਰਿਤਸਰ ਦੇ ਸਰਹੱਦੀ ਖੇਤਰ

ਦਾ ਰਹਿਣ ਵਾਲਾ ਏ। ਮਾਮਲਾ ਦਰਜ ਕਰਕੇ  ਜਾਂਚ ਕੀਤੀ ਜਾ ਰਹੇ ਏ।

-----------------------------------------------------------------------------

ਪੰਜਾਬ ਦੇ ਰਾਜਪਾਲ ਨੇ ਡਾ. ਪੁਸ਼ਪਿੰਦਰ ਸਿੰਘ ਗਿੱਲ ਨੂੰ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦਾ ਵਾਈਸ-ਚਾਂਸਲਰ ਨਿਯੁਕਤ ਕਰਨ ਦਾ ਐਲਾਨ ਕੀਤਾ ਏ , ਜੋ ਕਿ ਅਹੁਦਾ ਸੰਭਾਲਣ ਦੀ ਤਰੀਕ ਤੋਂ ਤਿੰਨ ਸਾਲਾਂ ਦੇ ਕਾਰਜਕਾਲ ਲਈ ਲਾਗੂ ਹੋਵੇਗਾ। ਚੰਡੀਗੜ੍ਹ ਸਥਿਤ ਰਾਜਪਾਲ ਸਕੱਤਰੇਤ ਤੋਂ ਜਾਰੀ ਕੀਤੇ ਹੁਕਮਾਂ ਮੁਤਾਬਕ ਇਹ ਨਿਯੁਕਤੀ ਯੂਨੀਵਰਸਿਟੀ ਦੇ ਚਾਂਸਲਰ ਵਲੋਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਐਕਟ, 2019 ਦੇ ਯੂਨੀਵਰਸਿਟੀ ਦੇ ਨਿਯਮਾਂ ਤਹਿਤ ਕੀਤੀ ਗਈ ਏ । ਅਧਿਕਾਰਤ ਨੋਟੀਫਿਕੇਸ਼ਨ ਅੱਜ ਪੰਜਾਬ ਦੇ ਪ੍ਰਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ ਵਲੋਂ  ਜਾਰੀ ਕੀਤਾ ਗਿਆ ਏ ।

-----------------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਹਿੰਦੀ ਵਿਭਾਗ ਨੇ  "ਬੇਗਮਪੁਰਾ: ਭਗਤੀ, ਦਰਸ਼ਨ ਅਤੇ ਸਮਾਨਤਾ ਦਾ ਸੁਪਨਾ" ਵਿਸ਼ੇ 'ਤੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ । ਸੈਮੀਨਾਰ ਦਾ ਉਦੇਸ਼ ਭਗਤੀ ਦਰਸ਼ਨ ਅਤੇ ਸਮਾਜਿਕ ਸਮਾਨਤਾ ਦੇ ਵਿਸ਼ਾਲ ਢਾਂਚੇ ਦੇ ਅੰਦਰ ਇੱਕ ਸਮਾਨਤਾਵਾਦੀ ਸਮਾਜ ਦੇ ਬੇਗਮਪੁਰਾ ਗੁਰੂ ਰਵਿਦਾਸ ਜੀ ਦੇ

ਦ੍ਰਿਸ਼ਟੀਕੋਣ ਨੂੰ ਮੁੜ ਤੋਂ ਦੇਖਣਾ ਸੀ । ਉਦਘਾਟਨੀ ਸੈਸ਼ਨ ਵਿੱਚ, ਹਿੰਦੀ ਵਿਭਾਗ ਦੇ ਮੁਖੀ ਅਤੇ ਸੈਮੀਨਾਰ ਕਨਵੀਨਰ, ਪ੍ਰੋ. ਅਸ਼ੋਕ ਕੁਮਾਰ ਨੇ ਸੈਮੀਨਾਰ ਦੀ ਸਾਰਥਕਤਾ 'ਤੇ ਚਾਨਣਾ ਪਾਇਆ। ਮੁੱਖ ਮਹਿਮਾਨ, ਪ੍ਰੋ. ਮੀਰਾ ਗੌਤਮ ਨੇ ਕਿਹਾ ਕਿ ਬੇਗਮਪੁਰਾ ਸਿਰਫ਼ ਇੱਕ ਅਧਿਆਤਮਿਕ ਕਲਪਨਾ ਨਹੀਂ ਸਗੋਂ ਸਮਾਜਿਕ ਨਿਆਂ ਅਤੇ ਸਮਾਨਤਾ ਦਾ ਇੱਕ ਪ੍ਰੇਰਨਾਦਾਇਕ ਆਦਰਸ਼ ਏ । ਪ੍ਰੋ. ਕ੍ਰਿਸ਼ਨ ਕੁਮਾਰ ਕੌਸ਼ਿਕ ਨੇ ਭਗਤੀ ਲਹਿਰ ਦੀ ਲੋਕਤੰਤਰੀ ਭਾਵਨਾ ਅਤੇ ਸਮਕਾਲੀ ਸਮਾਜ ਵਿੱਚ ਇਸਦੀ ਸਾਰਥਕਤਾ 'ਤੇ ਚਾਨਣਾ ਪਾਇਆ। ਦੂਜੇ ਤਕਨੀਕੀ ਸੈਸ਼ਨ ਦੀ ਪ੍ਰਧਾਨਗੀ ਡਾ. ਪਾਨ ਸਿੰਘ ਨੇ ਕੀਤੀ। ਪ੍ਰਸਿੱਧ ਬੁਲਾਰੇ, ਰਾਜੇਸ਼ਵਰ ਵਸ਼ਿਸ਼ਟ ਨੇ ਸੰਤ ਸਾਹਿਤ ਦੀ ਰਿਵਾਇਤ ਅਤੇ ਸਮਾਜ ਵਿੱਚ ਮਨੁੱਖੀ ਕਦਰਾਂ-ਕੀਮਤਾਂ ਦੀ ਸਥਾਪਨਾ 'ਤੇ ਇੱਕ ਵਿਚਾਰ-ਉਕਸਾਊ ਭਾਸ਼ਣ ਦਿੱਤਾ। ਸੈਮੀਨਾਰ ਦਾ ਆਯੋਜਨ ਹਿੰਦੀ ਸਾਹਿਤ ਪ੍ਰੀਸ਼ਦ ਅਤੇ ਹਿੰਦੀ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਲੋਂ ਕੀਤਾ ਗਿਆ ਸੀ। ਪ੍ਰੋਗਰਾਮ ਦੌਰਾਨ ਵੱਖ-ਵੱਖ ਯੂਨੀਵਰਸਿਟੀਆਂ ਦੇ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਖੋਜ ਵਿਦਵਾਨਾਂ ਦੇ ਨਾਲ-ਨਾਲ ਪੰਜਾਬ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਅਤੇ ਮਾਨਤਾ ਪ੍ਰਾਪਤ ਕਾਲਜਾਂ ਨੇ ਥੀਮ-ਅਧਾਰਤ ਖੋਜ ਪੱਤਰ ਪੇਸ਼ ਕੀਤੇ।

--------------------------------------------------------------------------------

ਚੇਨਈ ਵਿੱਚ ਮਰਦਾਂ ਦੇ ICC Twenty-twenty ਵਿਸ਼ਵ ਕੱਪ ਵਿੱਚ, ਗਰੁੱਪ D ਦੇ ਇੱਕ ਮੁਕਾਬਲੇ 'ਚ, ਨਿਊਜ਼ੀਲੈਂਡ ਨੇ ਅਫਗਾਨਿਸਤਾਨ ਨੂੰ 5 ਵਿਕਟਾਂ ਨਾਲ ਹਰਾ ਦਿੱਤਾ ਏ । ਪਹਿਲਾਂ ਬੱਲੇਬਾਜ਼ੀ ਕਰਦਿਆਂ, ਅਫਗਾਨਿਸਤਾਨ ਨੇ ਨਿਰਧਾਰਤ 20 ਓਵਰਾਂ ਵਿੱਚ, 6 ਵਿਕਟਾਂ 'ਤੇ 182 ਦੌੜਾਂ ਬਣਾਈਆਂ। ਜਵਾਬ ਵਿੱਚ, ਨਿਊਜ਼ੀਲੈਂਡ ਨੇ 18ਵੇਂ ਓਵਰ ਵਿੱਚ, 5 ਵਿਕਟਾਂ ਬਾਕੀ ਰਹਿੰਦਿਆਂ ਹੀ, 183 ਦੌੜਾਂ ਦਾ ਟੀਚਾ ਹਾਸਲ ਕਰ ਲਿਆ। ਦੂਜੇ ਮੈਚ ਵਿੱਚ ਮੁੰਬਈ 'ਚ ਇੰਗਲੈਂਡ ਦਾ ਮੁਕਾਬਲਾ ਨੇਪਾਲ ਨਾਲ ਹੋ ਰਿਹਾ ਏ ਅਤੇ ਤੀਜਾ ਮੈਚ ਸ਼ਾਮੀਂ 7 ਵਜੇ ਕੋਲੰਬੋ ਵਿੱਚ, ਸ੍ਰੀਲੰਕਾ ਅਤੇ ਆਇਰਲੈਂਡ ਦਰਮਿਆਨ ਖੇਡਿਆ ਜਾਵੇਗਾ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੁਆਲਾਲੰਪੁਰ ਵਿੱਚ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਦੁਵੱਲੀ ਗੱਲਬਾਤ ਕੀਤੀ- ਕਿਹਾ ਦਹਿਸ਼ਤਗਰਦੀ 'ਤੇ ਭਾਰਤ ਦੀ ਸਥਿਤੀ ਸਪੱਸ਼ਟ, ਕੋਈ ਦੋਹਰਾ ਮਾਪਦੰਡ ਨਹੀਂ ਹੋ ਸਕਦਾ I

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਕੱਲ ਤਰਨਤਾਰਨ ਵਿੱਚ ‘ਨਸ਼ਿਆਂ ਵਿਰੁੱਧ ਪੈਦਲ ਯਾਤਰਾ’ ਕੱਢੀ ਜਾਵੇਗੀ I

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਲੋੜੀਂਦੇ ਅਪਰਾਧੀਆਂ ਨੂੰ ਫੜਨ 'ਤੇ ਕੇਂਦ੍ਰਿਤ "ਆਪ੍ਰੇਸ਼ਨ ਪ੍ਰਹਾਰ-2" ਦੀ ਸ਼ੁਰੂਆਤ ਦਾ ਐਲਾਨ।
- BSF ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਤੇ ਗੁਰਦਾਸਪੁਰ ਤੋਂ 4 ਨਸ਼ਾ ਤਸਕਰਾਂ ਨੂੰ 36 ਕਿਲੋ ਹੈਰੋਇਨ ਤੇ 5 ਲੱਖ ਤੋਂ ਵੱਧ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ।

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**